ਪ੍ਰਭਾਤੀ ਮਹਲਾ ੧ ॥ ਗੀਤ ਨਾਦ ਹਰਖ ਚਤੁਰਾਈ ॥ ਰਹਸ ਰੰਗ ਫੁਰਮਾਇਸਿ ਕਾਈ ॥ ਪੈਨ੍ਣੁ ਖਾਣਾ ਚੀਤਿ ਨ ਪਾਈ ॥ ਸਾਚੁ ਸਹਜੁ ਸੁਖੁ ਨਾਮਿ ਵਸਾਈ ॥੧॥ ਕਿਆ ਜਾਨਾਂ ਕਿਆ ਕਰੈ ਕਰਾਵੈ ॥ ਨਾਮ ਬਿਨਾ ਤਨਿ ਕਿਛੁ ਨ ਸੁਖਾਵੈ ॥੧॥ ਰਹਾਉ ॥ ਜੋਗ ਬਿਨੋਦ ਸ੍ਵਾਦ ਆਨੰਦਾ ॥ ਮਤਿ ਸਤ ਭਾਇ ਭਗਤਿ ਗੋਬਿੰਦਾ ॥ ਕੀਰਤਿ ਕਰਮ ਕਾਰ ਨਿਜ ਸੰਦਾ ॥ ਅੰਤਰਿ ਰਵਤੌ ਰਾਜ ਰਵਿੰਦਾ ॥੨॥ ਪ੍ਰਿਉ ਪ੍ਰਿਉ ਪ੍ਰੀਤਿ ਪ੍ਰੇਮਿ ਉਰ ਧਾਰੀ ॥ ਦੀਨਾ ਨਾਥੁ ਪੀਉ ਬਨਵਾਰੀ ॥ ਅਨਦਿਨੁ ਨਾਮੁ ਦਾਨੁ ਬ੍ਰਤਕਾਰੀ ॥ ਤ੍ਰਿਪਤਿ ਤਰੰਗ ਤਤੁ ਬੀਚਾਰੀ ॥੩॥ ਅਕਥੌ ਕਥਉ ਕਿਆ ਮੈ ਜੋਰੁ ॥ ਭਗਤਿ ਕਰੀ ਕਰਾਇਹਿ ਮੋਰ ॥ ਅੰਤਰਿ ਵਸੈ ਚੂਕੈ ਮੈ ਮੋਰ ॥ ਕਿਸੁ ਸੇਵੀ ਦੂਜਾ ਨਹੀ ਹੋਰੁ ॥ ੪॥ ਗੁਰ ਕਾ ਸਬਦੁ ਮਹਾ ਰਸੁ ਮੀਠਾ ॥ ਐਸਾ ਅੰਮ੍ਰਿਤੁ ਅੰਤਰਿ ਡੀਠਾ ॥ ਜਿਨਿ ਚਾਖਿਆ ਪੂਰਾ ਪਦੁ ਹੋਇ ॥ ਨਾਨਕ ਧ੍ਰਾਪਿਓ ਤਨਿ ਸੁਖੁ ਹੋਇ ॥੫॥੧੪॥ {ਪੰਨਾ 1331}

ਪਦ ਅਰਥ:- ਨਾਦ—ਆਵਾਜ਼। ਗੀਤ ਨਾਦ—ਗੀਤ ਗਾਣੇ। ਹਰਖ—ਖ਼ੁਸ਼ੀਆਂ। ਰਹਸ—ਅਨੰਦ, ਚਾਉ। ਫੁਰਮਾਇਸਿ—ਹਕੂਮਤ। ਕਾਈ—ਕੋਈ ਭੀ ਚੀਜ਼। ਕਾਈ ਚੀਤਿ ਨ ਪਾਈ—ਕੁਝ ਭੀ ਚਿੱਤ ਵਿਚ ਨਹੀਂ ਪੈਂਦੀ, ਕੁਝ ਭੀ ਚਿੱਤ ਨੂੰ ਚੰਗਾ ਨਹੀਂ ਲੱਗਦਾ। ਸਹਜੁ—ਅਡੋਲ ਅਵਸਥਾ। ਵਸਾਈ—(ਜਿਤਨਾ ਚਿਰ) ਮੈਂ (ਆਪਣੇ ਮਨ ਨੂੰ) ਵਸਾਂਦਾ ਹਾਂ।1।

ਕਿਆ ਜਾਨਾਂ—ਮੈਂ ਕੀਹ ਜਾਣਦਾ ਹਾਂ? ਤਨਿ—ਸਰੀਰ ਵਿਚ।1। ਰਹਾਉ।

ਬਿਨੋਦ—ਕੌਤਕ। ਭਾਇ—ਪ੍ਰੇਮ ਦੀ ਰਾਹੀਂ। ਸਤ ਭਾਇ—ਸੱਚੇ ਪ੍ਰੇਮ ਦੀ ਰਾਹੀਂ। ਕੀਰਤਿ—ਸਿਫ਼ਤਿ-ਸਾਲਾਹ। ਕਰਮ ਕਾਰ—ਨਿੱਤ ਦੀ ਕਾਰ। ਨਿਜ ਸੰਦਾ—ਮੇਰੀ ਆਪਣੀ। ਸੰਦਾ—ਦਾ। ਰਵਤੌ—ਰਮ ਰਿਹਾ ਹੈ, ਪਰਗਟ ਹੋ ਰਿਹਾ ਹੈ। ਰਾਜ—ਪ੍ਰਕਾਸ਼। ਰਾਜ ਰਵੰਦਾ—ਚਨਣਾ ਕਰ ਰਿਹਾ ਹੈ।2।

ਪ੍ਰੇਮਿ—ਪ੍ਰੇਮ ਦੀ ਰਾਹੀਂ। ਉਰ ਧਾਰੀ—ਮੈਂ ਹਿਰਦੇ ਵਿਚ ਟਿਕਾ ਰਿਹਾ ਹਾਂ। ਪੀਉ—ਪਤੀ-ਪ੍ਰਭੂ। ਬਨਵਾਰੀ—ਜਗਤ ਦਾ ਮਾਲਕ। ਅਨਦਿਨੁ—ਹਰ ਰੋਜ਼। ਬ੍ਰਤ ਕਾਰੀ—ਬ੍ਰਤ ਕਰ ਰਿਹਾ ਹਾਂ, ਨੇਮ ਨਿਬਾਹ ਰਿਹਾ ਹਾਂ। ਤਰੰਗ—ਮਾਇਆ ਦੇ ਮੋਹ ਦੀਆਂ ਲਹਿਰਾਂ। ਤਤੁ—ਜਗਤ ਦਾ ਮੂਲ ਪ੍ਰਭੂ।3।

ਅਕਥੌ—ਜਿਸ ਦੇ ਗੁਣ ਕਥੇ ਨਹੀਂ ਜਾ ਸਕਦੇ। ਕਥਉ—ਮੈਂ ਬਿਆਨ ਕਰ ਸਕਾਂ। ਮੋਰ—ਮੈਥੋਂ। ਕਰੀ—ਮੈਂ ਕਰਾਂ। ਮੈ ਮੋਰ—ਮੈਂ ਮੇਰੀ।4।

ਜਿਨਿ—ਜਿਸ ਮਨੁੱਖ ਨੇ। ਪਦੁ—ਆਤਮਕ ਦਰਜਾ। ਧ੍ਰਾਪਿਓ—ਰੱਜ ਗਿਆ।5।

ਅਰਥ:- ਮੈਨੂੰ ਇਹ ਸਮਝ ਨਹੀਂ ਕਿ (ਮੇਰਾ ਸਿਰਜਣਹਾਰ ਮੇਰੇ ਵਾਸਤੇ) ਕੀਹ ਕੁਝ ਕਰ ਰਿਹਾ ਤੇ (ਮੈਥੋਂ) ਕੀ ਕਰਾ ਰਿਹਾ ਹੈ। (ਪਰ ਮੈਂ ਇਹ ਸਮਝਦਾ ਹਾਂ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੁਝ ਭੀ ਮੇਰੇ ਹਿਰਦੇ ਵਿਚ ਚੰਗਾ ਨਹੀਂ ਲਗਦਾ।1। ਰਹਾਉ।

ਦੁਨੀਆ ਵਾਲੇ ਗੀਤ ਗਾਣੇ, ਦੁਨੀਆ ਵਾਲੀਆਂ ਖ਼ੁਸ਼ੀਆਂ ਤੇ ਚਤੁਰਾਈਆਂ, ਦੁਨੀਆ ਵਾਲੇ ਚਾਉ ਮਲ੍ਹਾਰ ਤੇ ਹਕੂਮਤਾਂ, ਅਨੇਕਾਂ ਪਦਾਰਥ ਖਾਣੇ ਤੇ ਸੁੰਦਰ ਬਸਤ੍ਰ ਪਹਿਨਣੇ—(ਇਹਨਾਂ ਵਿਚੋਂ) ਕੁਝ ਭੀ ਮੇਰੇ ਚਿੱਤ ਵਿਚ ਨਹੀਂ ਭਾਉਂਦਾ। (ਜਿਤਨਾ ਚਿਰ) ਸਿਮਰਨ ਦੀ ਰਾਹੀਂ ਮੈਂ (ਪਰਮਾਤਮਾ ਨੂੰ ਆਪਣੇ ਹਿਰਦੇ ਵਿਚ) ਵਸਾਂਦਾ ਹਾਂ, ਮੇਰੇ ਅੰਦਰ ਅਟੱਲ ਅਡੋਲਤਾ ਬਣੀ ਰਹਿੰਦੀ ਹੈ, ਮੇਰੇ ਅੰਦਰ ਸੁਖ ਬਣਿਆ ਰਹਿੰਦਾ ਹੈ।1।

(ਪ੍ਰਭੂ-ਚਰਨਾਂ ਦੇ) ਸੱਚੇ ਪ੍ਰੇਮ ਦੀ ਬਰਕਤਿ ਨਾਲ ਮੇਰੀ ਮਤਿ ਵਿਚ ਗੋਬਿੰਦ ਦੀ ਭਗਤੀ ਟਿਕੀ ਹੋਈ ਹੈ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਹੀ ਮੇਰੀ ਆਪਣੀ ਨਿੱਤ ਦੀ ਕਾਰ ਬਣ ਗਈ ਹੈ, ਇਸੇ ਵਿਚੋਂ ਮੈਨੂੰ ਜੋਗ ਦੇ ਕੌਤਕਾਂ ਦੇ

ਸੁਆਦ ਤੇ ਆਨੰਦ ਆ ਰਹੇ ਹਨ। (ਸਾਰੇ ਜਗਤ ਵਿਚ) ਪ੍ਰਕਾਸ਼ ਕਰਨ ਵਾਲਾ ਪ੍ਰਭੂ ਮੇਰੇ ਹਿਰਦੇ ਵਿਚ ਹਰ ਵੇਲੇ ਹੁਲਾਰੇ ਦੇ ਰਿਹਾ ਹੈ।2।

ਪ੍ਰਭੂ ਦੇ ਪ੍ਰੇਮ ਵਿਚ (ਜੁੜ ਕੇ) ਮੈਂ ਉਸ ਪਿਆਰੇ ਨੂੰ ਨਿਤ ਪੁਕਾਰਦਾ ਹਾਂ, ਉਸ ਦੀ ਪ੍ਰੀਤਿ ਮੈਂ ਆਪਣੇ ਹਿਰਦੇ ਵਿਚ ਟਿਕਾਂਦਾ ਹਾਂ। (ਮੈਨੂੰ ਯਕੀਨ ਬਣ ਗਿਆ ਹੈ ਕਿ) ਉਹ ਦੀਨਾਂ ਦਾ ਨਾਥ ਹੈ, ਉਹ ਸਭ ਦਾ ਪਤੀ ਹੈ; ਉਹ ਜਗਤ ਦਾ ਮਾਲਕ ਹੈ। ਹਰ ਰੋਜ਼ (ਹਰ ਵੇਲੇ) ਉਸ ਦਾ ਨਾਮ ਸਿਮਰਨਾ ਤੇ ਹੋਰਨਾਂ ਨੂੰ ਸਿਮਰਨ ਲਈ ਪ੍ਰੇਰਨਾ—ਇਹ ਨੇਮ ਮੈਂ ਸਦਾ ਨਿਬਾਹ ਰਿਹਾ ਹਾਂ। ਜਿਉਂ ਜਿਉਂ ਮੈਂ ਜਗਤ ਦੇ ਮੂਲ ਪ੍ਰਭੂ (ਦੇ ਗੁਣਾਂ) ਨੂੰ ਵਿਚਾਰਦਾ ਹਾਂ; ਮਾਇਆ ਦੇ ਮੋਹ ਦੀਆਂ ਲਹਿਰਾਂ ਵਲੋਂ ਮੈਂ ਤ੍ਰਿਪਤ ਹੁੰਦਾ ਜਾ ਰਿਹਾ ਹਾਂ।3।

ਹੇ ਪ੍ਰਭੂ! ਤੇਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ। ਮੇਰੀ ਕੀਹ ਤਾਕਤ ਹੈ ਕਿ ਮੈਂ ਤੇਰੇ ਗੁਣ ਬਿਆਨ ਕਰਾਂ? ਜਦੋਂ ਤੂੰ ਮੈਥੋਂ ਆਪਣੀ ਭਗਤੀ ਕਰਾਂਦਾ ਹੈਂ ਤਦੋਂ ਹੀ ਮੈਂ ਕਰ ਸਕਦਾ ਹਾਂ। ਜਦੋਂ ਤੇਰਾ ਨਾਮ ਮੇਰੇ ਅੰਦਰ ਆ ਵੱਸਦਾ ਹੈ ਤਾਂ (ਮੇਰੇ ਅੰਦਰੋਂ) 'ਮੈਂ ਮੇਰੀ' ਮੁੱਕ ਜਾਂਦੀ ਹੈ (ਹਉਮੈ ਤੇ ਮਮਤਾ ਦੋਵੇਂ ਨਾਸ ਹੋ ਜਾਂਦੀਆਂ ਹਨ) ਤੈਥੋਂ ਬਿਨਾ ਮੈਂ ਕਿਸੇ ਹੋਰ ਦੀ ਭਗਤੀ ਨਹੀਂ ਕਰ ਸਕਦਾ, ਮੈਨੂੰ ਤੇਰੇ ਵਰਗਾ ਕੋਈ ਹੋਰ ਦਿੱਸਦਾ ਹੀ ਨਹੀਂ।4।

(ਹੇ ਪ੍ਰਭੂ! ਤੇਰੀ ਮੇਹਰ ਨਾਲ) ਤੇਰਾ ਨਾਮ-ਅੰਮ੍ਰਿਤ ਮੇਰੇ ਅੰਦਰ ਅਜੇਹਾ ਪਰਗਟ ਹੋ ਗਿਆ ਹੈ ਕਿ ਗੁਰੂ ਦਾ ਸ਼ਬਦ (ਜਿਸ ਦੀ ਰਾਹੀਂ ਤੇਰਾ ਨਾਮ-ਅੰਮ੍ਰਿਤ ਮਿਲਦਾ ਹੈ) ਮੈਨੂੰ ਮਿੱਠਾ ਲੱਗ ਰਿਹਾ ਹੈ ਮੈਨੂੰ ਹੋਰ ਸਾਰੇ ਰਸਾਂ ਨਾਲੋਂ ਸ਼ਿਰੋਮਣੀ ਰਸ ਜਾਪ ਰਿਹਾ ਹੈ।

ਹੇ ਨਾਨਕ! ਜਿਸ ਮਨੁੱਖ ਨੇ ਪ੍ਰਭੂ ਦਾ ਨਾਮ-ਰਸ ਚੱਖਿਆ ਹੈ ਉਸ ਨੂੰ ਪੂਰਨ ਆਤਮਕ ਅਵਸਥਾ ਦਾ ਦਰਜਾ ਮਿਲ ਜਾਂਦਾ ਹੈ, ਉਹ ਦੁਨੀਆ ਦੇ ਪਦਾਰਥਾਂ ਵਲੋਂ ਰੱਜ ਜਾਂਦਾ ਹੈ, ਉਸ ਦੇ ਹਿਰਦੇ ਵਿਚ ਆਤਮਕ ਸੁਖ ਬਣਿਆ ਰਹਿੰਦਾ ਹੈ।5।14।